ਬਹੁਤਾ ਕਰਮੁ ਲਿਖਿਆ ਨਾ ਜਾਇ ॥ ਵਡਾ ਦਾਤਾ ਤਿਲੁ ਨ ਤਮਾਇ ॥ ਕੇਤੇ ਮੰਗਹਿ ਜੋਧ ਅਪਾਰ ॥ ਕੇਤਿਆ ਗਣਤ ਨਹੀ ਵੀਚਾਰੁ ॥ ਕੇਤੇ ਖਪਿ ਤੁਟਹਿ ਵੇਕਾਰ ॥ ਕੇਤੇ ਲੈ ਲੈ ਮੁਕਰੁ ਪਾਹਿ ॥ ਕੇਤੇ ਮੂਰਖ ਖਾਹੀ ਖਾਹਿ ॥ ਕੇਤਿਆ ਦੂਖ ਭੂਖ ਸਦ ਮਾਰ ॥ ਏਹਿ ਭਿ ਦਾਤਿ ਤੇਰੀ ਦਾਤਾਰ ॥ ਬੰਦਿ ਖਲਾਸੀ ਭਾਣੈ ਹੋਇ ॥ ਹੋਰੁ ਆਖਿ ਨ ਸਕੈ ਕੋਇ ॥ ਜੇ ਕੋ ਖਾਇਕੁ ਆਖਣਿ ਪਾਇ ॥ ਓਹੁ ਜਾਣੈ ਜੇਤੀਆ ਮੁਹਿ ਖਾਇ ॥ ਆਪੇ ਜਾਣੈ ਆਪੇ ਦੇਇ ॥ ਆਖਹਿ ਸਿ ਭਿ ਕੇਈ ਕੇਇ ॥ ਜਿਸ ਨੋ ਬਖਸੇ ਸਿਫਤਿ ਸਾਲਾਹ ॥ ਨਾਨਕ ਪਾਤਿਸਾਹੀ ਪਾਤਿਸਾਹੁ ॥੨੫ ॥